ਗਉੜੀ ਮਹਲਾ ੫ ॥ ਤਾ ਕਾ ਦਰਸੁ ਪਾਈਐ ਵਡਭਾਗੀ ॥ ਜਾ ਕੀ ਰਾਮ ਨਾਮਿ ਲਿਵ ਲਾਗੀ ॥੧॥ ਜਾ ਕੈ ਹਰਿ ਵਸਿਆ ਮਨ ਮਾਹੀ ॥ ਤਾ ਕਉ ਦੁਖੁ ਸੁਪਨੈ ਭੀ ਨਾਹੀ ॥੧॥ ਰਹਾਉ ॥ ਸਰਬ ਨਿਧਾਨ ਰਾਖੇ ਜਨ ਮਾਹਿ ॥ ਤਾ ਕੈ ਸੰਗਿ ਕਿਲਵਿਖ ਦੁਖ ਜਾਹਿ ॥ ੨॥ ਜਨ ਕੀ ਮਹਿਮਾ ਕਥੀ ਨ ਜਾਇ ॥ ਪਾਰਬ੍ਰਹਮੁ ਜਨੁ ਰਹਿਆ ਸਮਾਇ ॥੩॥ ਕਰਿ ਕਿਰਪਾ ਪ੍ਰਭ ਬਿਨਉ ਸੁਨੀਜੈ ॥ ਦਾਸ ਕੀ ਧੂਰਿ ਨਾਨਕ ਕਉ ਦੀਜੈ ॥੪॥੬੭॥੧੩੬॥ {ਪੰਨਾ 193}

ਪਦਅਰਥ:- ਰਾਮ ਨਾਮਿ—ਰਾਮ ਦੇ ਨਾਮ ਵਿਚ। ਲਿਵ—ਲਗਨ।1।

ਮਾਹੀ—ਮਾਹਿ, ਵਿਚ। ਤਾ ਕਉ—ਉਸ (ਮਨੁੱਖ) ਨੂੰ।1। ਰਹਾਉ।

ਨਿਧਾਨ—ਖ਼ਜ਼ਾਨੇ। ਕਿਲਵਿਖ—ਪਾਪ।2।

ਮਹਿਮਾ—ਵਡਿਆਈ, ਆਤਮਕ ਉੱਚਤਾ। ਜਨੁ—ਸੇਵਕ।3।

ਪ੍ਰਭ—ਹੇ ਪ੍ਰਭੂ! ਬਿਨਉ—ਬੇਨਤੀ। ਸੁਨੀਐ—ਸੁਣ। ਕਉ—ਨੂੰ।4।

ਅਰਥ:- (ਹੇ ਭਾਈ!) ਜਿਸ ਮਨੁੱਖ ਦੇ ਮਨ ਵਿਚ (ਸਦਾ) ਪਰਮਾਤਮਾ (ਦਾ ਨਾਮ) ਵੱਸਿਆ ਰਹਿੰਦਾ ਹੈ, ਉਸ ਮਨੁੱਖ ਨੂੰ ਕਦੇ ਸੁਪਨੇ ਵਿਚ ਭੀ (ਕੋਈ) ਦੁੱਖ ਪੋਹ ਨਹੀਂ ਸਕਦਾ।1। ਰਹਾਉ।

(ਹੇ ਭਾਈ!) ਜਿਸ ਮਨੁੱਖ ਦੀ ਲਗਨ ਪਰਮਾਤਮਾ ਦੇ ਨਾਮ ਵਿਚ ਲੱਗੀ ਰਹਿੰਦੀ ਹੈ, ਉਸ ਦਾ ਦਰਸਨ ਵੱਡੇ ਭਾਗਾਂ ਨਾਲ ਮਿਲਦਾ ਹੈ।1।

(ਹੇ ਭਾਈ! ਨਾਮ ਦੀ ਲਗਨ ਵਾਲੇ) ਸੇਵਕ (ਦੇ ਹਿਰਦੇ) ਵਿਚ (ਪਰਮਾਤਮਾ) ਸਾਰੇ (ਆਤਮਕ ਗੁਣਾਂ ਦੇ) ਖ਼ਜ਼ਾਨੇ ਪਾ ਰੱਖਦਾ ਹੈ। ਅਜੇਹੇ ਸੇਵਕ ਦੀ ਸੰਗਤਿ ਵਿਚ ਰਿਹਾਂ ਪਾਪ ਤੇ ਦੁੱਖ ਦੂਰ ਹੋ ਜਾਂਦੇ ਹਨ।2।

(ਹੇ ਭਾਈ! ਇਹੋ ਜਿਹੇ) ਸੇਵਕ ਦੀ ਆਤਮਕ ਉੱਚਤਾ ਬਿਆਨ ਨਹੀਂ ਕੀਤੀ ਜਾ ਸਕਦੀ। ਉਹ ਸੇਵਕ ਉਸ ਪਾਰਬ੍ਰਹਮ ਦਾ ਰੂਪ ਬਣ ਜਾਂਦਾ ਹੈ ਜੋ ਸਭ ਜੀਵਾਂ ਵਿਚ ਵਿਆਪਕ ਹੈ।3।

(ਹੇ ਨਾਨਕ! ਆਖ—) ਹੇ ਪ੍ਰਭੂ! ਮੇਰੀ ਬੇਨਤੀ ਸੁਣ, ਮਿਹਰ ਕਰ ਤੇ ਮੈਨੂੰ ਨਾਨਕ ਨੂੰ ਆਪਣੇ ਅਜੇਹੇ ਸੇਵਕ ਦੇ ਚਰਨਾਂ ਦੀ ਧੂੜ ਦੇਹ।4। 67।136।